ਡੇਅਰੀ ਉੱਦਮ ਸਿਖਲਾਈ ਕੋਰਸ ਲਈ 13 ਅਕਤੂਬਰ ਨੂੰ ਹੋਵੇਗੀ ਕਾਉਸਲਿੰਗ : ਡਿਪਟੀ ਡਾਇਰੈਕਟਰ ਡੇਅਰੀ

ਤਰਨਤਾਰਨ, 4 ਅਕਤੂਬਰ :
ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ 6 ਹਫ਼ਤਿਆਂ ਦਾ ਡੇਅਰੀ ਉੱਦਮ ਸਿਖਲਾਈ ਕੋਰਸ 23 ਅਕਤੂਬਰ ਤੋਂ 2 ਦਸੰਬਰ 2017 ਤੱਕ ਡੇਅਰੀ ਸਿਖਲਾਈ ਕੇਂਦਰ ਵੇਰਕਾ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਚਲਾਇਆ ਜਾਣਾ ਹੈ। ਚਾਹਵਾਨ ਡੇਅਰੀ ਫਾਰਮਰ ਜੋ ਘੱਟੋ-ਘੱਟ 10ਵੀਂ ਪਾਸ ਹੋਣ, ਉਮਰ 18 ਤੋ 45 ਸਾਲ ਦਰਮਿਆਨ ਹੋਵੇ, ਪੇਂਡੂ ਖੇਤਰ ਨਾਲ ਸੰਬੰਧਤ ਹੋਣ ਅਤੇ ਪਹਿਲਾ ਘੱਟੋ-ਘੱਟ 5 ਪਸ਼ੂ ਰੱਖੇ ਹੋਣ, ਸਿਖਲਾਈ ਵਿੱਚ ਭਾਗ ਲੈ ਸਕਦੇ ਹਨ।
ਇਹ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡੇਅਰੀ ਤਰਨਤਾਰਨ ਸ੍ਰ. ਜੋਗਿੰਦਰ ਸਿੰਘ ਢਿੱਲੋ ਨੇ ਦੱਸਿਆ ਕਿ ਡੇਅਰੀ ਫਾਰਮਾਂ ਨੂੰ ਕੁਸ਼ਲ ਡੇਅਰੀ ਮੈਨੇਜਰ ਬਣਾਉਣ ਲਈ ਵੱਖ-ਵੱਖ ਵਿਸ਼ਾ ਮਾਹਿਰਾਂ ਵੱਲੋਂ ਪਸ਼ੂੁਆ ਦੀ ਸਾਂਭ ਸੰਭਾਲ, ਵੱਖ-ਵੱਖ ਬੀਮਾਰੀਆਂ, ਮਨਸੂਹੀ ਗਰਭਦਾਨ, ਦੁੱਧ ਤੋ ਦੁੱਧ ਪਦਾਰਥ ਤਿਆਰ ਕਰਨ ਦੀ ਪ੍ਰੈਕਟੀਕਲ ਸਿਖਲਾਈ ਦਿੱਤੀ ਜਾਵੇਗੀ। ਇਸ ਸਿਖਲਾਈ ਦੌਰਾਨ ਮਾਡਲ ਕੈਟਲ ਸੈਡਾ ਦੀ ਉਸਾਰੀ ਦੁੱਧ ਚੁਆਈ ਮਸ਼ੀਨਾਂ ਅਤੇ ਡੇਅਰੀ ਦੇ ਧੰਦੇ ਦੇ ਮੁਕੰਮਲ ਮਸ਼ੀਨਰੀਕਰਨ ਲਈ ਲੋੜੀਂਦੀਆਂ ਤਕਨੀਕਾਂ ਅਤੇ ਸਬਸਿਡੀਆਂ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਡੇਅਰੀ ਉੱਦਮ ਸਿਖਲਾਈ ਕੋਰਸ ਲਈ ਕਾਉਸਲਿੰਗ 13 ਅਕਤੂਬਰ ਨੂੰ ਸਵੇਰੇ 10 ਵਜੇ ਡਿਪਟੀ ਡਾਇਰਕੈਟਰ ਡੇਅਰੀ ਵੇਰਕਾ ਅੰਮ੍ਰਿਤਸਰ ਵਿਖੇ ਰੱਖੀ ਗਈ ਹੈ। ਉਨ੍ਹਾਂ ਇਹ ਵੀ ਦੱਸਿਆ ਕਿ 13 ਅਕਤੂਬਰ ਤੋਂ ਪਹਿਲਾਂ ਕਿਸੇ ਵੀ ਕੰਮ ਵਾਲੇ ਦਿਨ ਡੇਅਰੀ ਫਾਰਮਰ ਦਫ਼ਤਰ ਡਿਪਟੀ ਡਾਇਰੈਕਟਰ ਡੇਅਰੀ ਤਰਨ ਤਾਰਨ ਵਿਖੇ ਹਾਜ਼ਰ ਹੋ ਕੇ ਪ੍ਰਾਸਪੈਕਟ (ਫਾਰਮ) ਹਾਸਲ ਕਰ ਸਕਦੇ ਹਨ। ਚੁਣੇ ਹੋਏ ਸਿਖਿਆਰਥੀ ਜੇਕਰ ਜਨਰਲ ਕੈਟਾਗਰੀ ਦਾ ਹੋਵੇਗਾ ਤਾਂ ਉਸਦੀ ਫੀਸ 5000 ਰੁਪਏ ਹੋਵੇਗੀ, ਜਦੋਂਕਿ ਅਨੁਸੂਚਿਤ ਜਾਤੀ ਲਈ 4000 ਰੁਪਏ ਫੀਸ ਰੱਖੀ ਗਈ ਹੈ।
----------------------------